# ਡਾਇਰੈਕਟਰ, ਸਿੱਖਿਆ ਭਰਤੀ ਡਾਇਰੈਕਟੋਰੇਟ, ਪੰਜਾਬ

**(ਮਾਈਕਰੋਸਾਫ਼ਟ ਬਿਲਡਿੰਗ) ਨੇੜੇ ਗੁਰਦੁਆਰਾ ਸਾਚਾ-ਧੰਨ ਫੇਜ਼ 3ਬੀ-1,**

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੋਹਾਲੀ)**

**ਵੈਬਸਾਈਟ www.educationrecruitmentboard.com)**

---

**ਵਿਗਿਆਪਨ ਨੰ.** E369149 ERD-ERD0EDRG/215/2022-General ਭ੍ਰਸ(3)/2022 **ਮਿਤੀ: 12-10-2022**

ਸਿੱਖਿਆ ਵਿਭਾਗ ਪੰਜਾਬ ਵੱਲੋਂ ਡੀ,ਪੀ.ਆਈ (ਐਸਿ) ਪੰਜਾਬ ਦੇ ਮੀਮੋ ਨੰ. DPIEE-EST207/54/2022-DPIEE1/439124/2022 ਮਿਤੀ 07-10-2022 ਅਨੁਸਾਰ ਈ.ਟੀ.ਟੀ. ਕਾਡਰ ਦੀਆਂ 5994 ਅਸਾਮੀਆਂ ਨੂੰ ਭਰਨ ਸਬੰਧੀ ਯੋਗ ਉਮੀਦਵਾਰਾਂ ਪਾਸੋਂ ਵਿਭਾਗ ਦੀ ਵੈਬਸਾਈਟ **www.educationrecruitmentboard.com** ਤੇ ਆਨਲਾਈਨ ਦਰਖਾਸਤਾਂ ਦੀ ਮੰਗ ਮਿਤੀ 10-11-2022 ਤੱਕ ਕੀਤੀ ਜਾਂਦੀ ਹੈ। ਇਹ ਪੋਸਟਾਂ "The Punjab State Elementary Education (Teaching Cadre) Service Rules 2018,The Punjab State Elementary Education (Teaching Cadre) Border Area Service Rules 2018 Amended from time to time ਅਨੁਸਾਰ ਭਰੀਆ ਜਾਣੀਆਂ ਹਨ।ਇਨ੍ਹਾਂ ਅਸਾਮੀਆਂ ਦੀ ਕੇਟਾਗਰੀ ਵਾਈਜ਼ ਵੰਡ ਹੇਠ ਲਿਖੇ ਅਨੁਸਾਰ ਹੈ:-

## 1.0 ਕੈਟਗਾਰੀ ਵਾਇਜ਼ ਅਸਾਮੀਆਂ ਦੀ ਵੰਡ:-

<table>
<tr><th></th><th colspan="3">Fresh Requisition</th><th colspan="2">Backlog</th><th></th></tr>
<tr><th>Category</th><th>Posts</th><th>Women reserved in fresh</th><th>Grand Total</th><th colspan="2">Requisition 2994 (round off) backlog</th><th>Total Requisition</th></tr>
<tr><td>General</td><td>840</td><td>330</td><td>1170</td><td></td><td></td><td>1170</td></tr>
<tr><td>SC(M&B)</td><td>180</td><td>120</td><td>300</td><td></td><td></td><td>300</td></tr>
<tr><td>SC (R&O)</td><td>180</td><td>120</td><td>300</td><td></td><td></td><td>300</td></tr>
<tr><td>BC</td><td>180</td><td>120</td><td>300</td><td></td><td></td><td>300</td></tr>
<tr><td>GEN-ESM</td><td>90</td><td>120</td><td>210</td><td></td><td>988</td><td>1198</td></tr>
<tr><td>SC (M&B)-ESM</td><td>60</td><td></td><td>60</td><td></td><td>359</td><td>419</td></tr>
<tr><td>SC (R&O)-ESM</td><td>60</td><td></td><td>60</td><td></td><td>359</td><td>419</td></tr>
<tr><td>BC-ESM</td><td>60</td><td></td><td>60</td><td></td><td>300</td><td>360</td></tr>
<tr><td>GENERAL SPORTS</td><td>30</td><td>30</td><td>60</td><td></td><td>359</td><td>419</td></tr>
<tr><td>SC (M&B) SPORTS</td><td>15</td><td></td><td>15</td><td></td><td>120</td><td>135</td></tr>
<tr><td>SC (R&O) SPORTS</td><td>15</td><td></td><td>15</td><td></td><td>120</td><td>135</td></tr>
<tr><td>HANDICAPPED</td><td colspan="6"></td></tr>
<tr><td>HH</td><td>22</td><td>8</td><td rowspan="4">120</td><td>218</td><td rowspan="4">389</td><td rowspan="4">509</td></tr>
<tr><td>ID</td><td>23</td><td>7</td><td>46</td></tr>
<tr><td>OH</td><td>23</td><td>7</td><td>0</td></tr>
<tr><td>VH</td><td>22</td><td>8</td><td>125</td></tr>
<tr><td>FREEDOM FIGHTER</td><td>15</td><td>15</td><td>30</td><td></td><td>0</td><td>30</td></tr>
<tr><td>EWS</td><td>210</td><td>90</td><td>300</td><td></td><td>0</td><td>300</td></tr>
<tr><td>Grand Total</td><td>2025</td><td>975</td><td>3000</td><td></td><td>2994</td><td>5994</td></tr>
</table>

## 2.0 ਵਿਦਿੱਅਕ ਯੋਗਤਾਵਾਂ:-

"The Punjab State Elementary Education (Teaching Cadre) Service Rules 2018, The Punjab State Elementary Education (Teaching Cadre) Border Area Service Rules 2018" Amended from time to time ਅਤੇ NCTE guidelines ਅਨੁਸਾਰ ਸਬੰਧਤ ਪ੍ਰਾਰਥੀ ਕੋਲ ਹੇਠ ਲਿਖੀਆਂ ਯੋਗਤਾਂਵਾ ਹੋਣੀਆਂ ਜਰੂਰੀ ਹਨ:-

(1) Should have passed Graduation with minimum fifty per cent marks in the case of General Category candidate and forty-five per cent marks in the case of

Scheduled Caste. Scheduled Tribes, Other Backward Classes, Backward Classes and Physically Handicapped candidates, from a recognized university or institution; and

(2) Should possess two years 'Elementary Teachers Training' course or two years Diploma in Elementary Education (by whatever name known), from a recognized university or institution.

Provided that the candidates, who have done the two years 'Elementary Teacher Training' course or two years Diploma in Elementary Education or have done this course with other nomenclature, with 10+2 qualification ★shall be considered for appointment into the Service under these rules till the 30th day of September, 2025."

(3) Should have passed PSTET-1.

★As per NCTE guidelines, Should have passed 10+2 with minimum 50% marks in case of General Category Candidate and 45% marks in case of Scheduled Caste, Scheduled Tribes, Other backward Class and Physically Handicapped candidates, from a recognized board or institution.

ਨੋਟ : ਅਪਲਾਈ ਕਰਨ ਦੀ ਆਖਰੀ ਮਿਤੀ ਤੱਕ ਲੋੜੀਦੀਆਂ ਵਿੱਦਿਅਕ/ਪ੍ਰੋਫੈਸਨਲ ਯੋਗਤਾਵਾਂ ਪੂਰੀਆਂ ਕਰਦੇ ਉਮੀਦਵਾਰਾਂ ਨੂੰ ਹੀ ਵਿਚਾਰਿਆ ਜਾਵੇਗਾ ਭਾਵ ਉਹਨਾਂ ਦੀਆਂ ਵਿੱਦਿਅਕ/ਪ੍ਰੋਫੈਸਨਲ ਯੋਗਤਾਵਾਂ ਅਪਲਾਈ ਕਰਨ ਦੀ ਆਖਰੀ ਮਿਤੀ ਦੇ ਜਾਂ ਪਹਿਲਾਂ ਦੇ ਬਣੇ ਹੋਣ।

3. <u>ਚੋਣ ਦਾ ਢੰਗ:</u>

(i) ਇਨ੍ਹਾਂ ਅਸਾਮੀਆਂ ਦੀ ਭਰਤੀ ਕਰਨ ਸਬੰਧੀ ਸਟੇਟ ਪੱਧਰ ਤੇ ਇੱਕ 200 ਅੰਕਾਂ ਦਾ ਲਿਖਤੀ ਟੈਸਟ/ਮਲਟੀਪਲ ਚੁਆਇਸ ਟਾਇਪ ਲਿਆ ਜਾਵੇਗਾ।

(ਜੇਕਰ ਇੱਕ ਤੋਂ ਵੱਧ ਉਮੀਦਵਾਰਾਂ ਦੇ ਲਿਖਤੀ ਟੈਸਟ ਵਿਚੋਂ ਬਰਾਬਰ ਅੰਕ ਆਉਂਦੇ ਹਨ ਤਾਂ ਜਿਸ ਉਮੀਦਵਾਰ ਦੀ ਉਮਰ ਵੱਧ ਹੋਵੇਗੀ, ਉਸਨੂੰ ਮੈਰਿਟ ਵਿੱਚ ਪਹਿਲਾਂ ਰੱਖਿਆ ਜਾਵੇਗਾ ਅਤੇ ਜੇਕਰ ਇਕ ਤੋਂ ਵੱਧ ਉਮੀਦਵਾਰਾਂ ਦੇ ਅੰਕ ਅਤੇ ਉਮਰ ਦੋਨੋਂ ਇੱਕੋ ਜਿਹੇ ਹੋਣ ਤਾਂ ਉਮੀਦਵਾਰ ਦੇ ਪ੍ਰੋਫੈਸਨਲ ਡਿਗਰੀ ਵਿੱਚ ਵੱਧ ਪ੍ਰਤੀਸ਼ਤ ਅੰਕ ਹੋਣਗੇ, ਉਸਨੂੰ ਮੈਰਿਟ ਵਿੱਚ ਪਹਿਲਾਂ ਰੱਖਿਆ ਜਾਵੇਗਾ)।

4. <u>ਅਸਾਮੀਆਂ ਦਾ ਪੇਅ ਸਕੇਲ:</u>

ਪੰਜਾਬ ਸਰਕਾਰ, ਸਕੂਲ ਸਿੱਖਿਆ ਵਿਭਾਗ (ਸਿੱਖਿਆ-6 ਸ਼ਾਖਾ) ਵੱਲੋਂ ਨੋਟੀਫਿਕੇਸ਼ਨ ਨੰ. 13/01/2022-5ਸਿ7/277 ਮਿਤੀ 21-10-2020 ਅਨੁਸਾਰ ਜਾਰੀ ਪੇ ਸਕੇਲ/ਮੈਟ੍ਰਿਸ ਰੁਪਏ 29200 (ਬਿਨ੍ਹਾਂ ਕਿਸੇ ਭੱਤੇ ਦੇ) ਅਨੁਸਾਰ ਮਿਲਣਯੋਗ ਹੋਣਗੇ।

5. <u>ਉਮਰ ਸੀਮਾ:</u>

(i) ਮਿਤੀ 1.1.2022 ਨੂੰ ਉਮਰ 18 ਤੋਂ 37 ਸਾਲ ਦੇ ਦਰਮਿਆਨ ਹੋਵੇ।

(ii) ਸਿੱਖਿਆ ਵਿਭਾਗ ਦੀਆਂ ਸੁਸਾਇਟੀ ਵਿੱਚ ਬਤੌਰ ਸਿੱਖਿਆਪ੍ਰੋਵਾਇਡਰ/ਐਜੂਕੇਸ਼ਨ ਪ੍ਰੋਵਾਇਡਰ/ਐਜੂਕੇਸ਼ਨ ਵਲੰਟੀਅਰ/EGS/AIE/STR ਵਲੰਟੀਅਰ ਨੂੰ ਉਹਨਾਂ ਦੀ ਉਪਰਲੀ ਉਮਰ ਵਿੱਚ ਉਹਨਾਂ ਵੱਲੋਂ ਜਿੰਨੇ ਸਾਲ/ਮਹੀਨੇ ਕੰਮ ਕੀਤਾ ਗਿਆ ਹੈ ਦੇ ਬਰਾਬਰ ਛੋਟ ਦਿੱਤੀ ਜਾਵੇਗੀ। (ਪ੍ਰਸੋਨਲ ਵਿਭਾਗ ਦੇ ਪੱਤਰ ਨੰ. 01/03/2022-5ਪੀ.ਪੀ..1/464 ਮਿਤੀ 09-08-2022)।

(ii) ਪੰਜਾਬ ਰਾਜ ਦੇ ਅਨੁਸੂਚਿਤ ਜਾਤੀ ਅਤੇ ਪੱਛੜੀ ਸ੍ਰੇਣੀ ਦੇ ਉਮੀਦਵਾਰਾਂ ਦੀ ਉਪਰਲੀ ਉਮਰ ਸੀਮਾ ਦੀ ਹੱਦ ਵਿੱਚ 5 ਸਾਲ ਦੀ ਛੋਟ ਹੋਵੇਗੀ।

(i) ਪੰਜਾਬ, ਹੋਰ ਰਾਜਾਂ ਅਤੇ ਕੇਂਦਰੀ ਸਰਕਾਰ ਦੇ ਕਰਮਚਾਰੀਆਂ ਲਈ ਉਪਰਲੀ ਉਮਰ ਸੀਮਾ ਦੀ ਹੱਦ 45 ਸਾਲ ਤੱਕ ਹੋਵੇਗੀ।

(iv) ਪੰਜਾਬ ਰਾਜ ਦੀਆਂ ਵਿਧਵਾ ਅਤੇ ਤਲਾਕਸੁਦਾ ਔਰਤਾਂ ਦੀ ਉਪਰਲੀ ਉਮਰ ਸੀਮਾ ਦੀ ਹੱਦ 42 ਸਾਲ ਤੱਕ ਹੋਵੇਗੀ।

(vi) ਪੰਜਾਬ ਦੇ ਵਸਨੀਕ ਵਿਕਲਾਂਗਾ ਦੀ ਉੱਪਰਲੀ ਉਮਰ ਸੀਮਾ ਦੀ ਹੱਦ ਵਿਚ 10 ਸਾਲ ਦੀ ਛੋਟ ਹੋਵੇਗੀ।

(vii) Ex-Serviceman of Punjab Shall be allowed to deduct the period of his service in the Armed force of the Union from his actual age and if the resultant age does not exceed the maximum age limit prescribed for direct appointment to such a vacancy in the concerned Service Rules, by more than 3 years, he shall be deemed to satisfy the condition regarding age limit.

6. <u>ਬਿਨੈ-ਪੱਤਰ ਦੀ ਪ੍ਰੋਸੈਸਿੰਗ ਫੀਸ:</u>

| | | |
|---|---|---|
| 1. | ਜਨਰਲ ਅਤੇ ਹੋਰ ਕੈਟਾਗਰੀ ਦੇ ਉਮੀਦਵਾਰ ਲਈ: | 1000 ਰੁਪਏ |
| 2. | ਰਿਜ਼ਰਵ ਕੈਟਾਗਰੀ (ਐਸ.ਸੀ./ਐਸ.ਟੀ.): | 500 ਰੁਪਏ |
| 3. | ਸਾਬਕਾ ਸੈਨਿਕ (ਖੁੱਦ) | |
| | 3 (a) ਰਿਜਰਵ ਕੈਟਾਗਰੀ: | **500 ਰੁਪਏ** ★ |
| | 3 (b) ਜਨਰਲ ਅਤੇ ਹੋਰ ਕੈਟਾਗਰੀ ਦੇ ਉਮੀਦਵਾਰ: | **1000 ਰੁਪਏ** ★ |

★ ਮੁਤਾਬਿਕ ਸਾਬਕਾ ਫੌਜੀਆ ਵੱਲੋਂ ਜਮ੍ਹਾ ਕਰਵਾਈ ਜਾਣ ਵਾਲੀ ਫੀਸ ਸਾਬਕਾ ਫੌਜੀ ਵੱਲੋਂ ਸਾਬਕਾ ਫੌਜੀ ਹੋਣ ਸਬੰਧੀ ਸਮਰੱਥ ਅਧਿਕਾਰੀ ਤੋਂ ਜਾਰੀ ਸਰਟੀਫਿਕੇਟ ਇਸ ਦਫਤਰ ਵਿਖੇ ਜਮ੍ਹਾ ਕਰਵਾਉਣ ਉਪਰੰਤ ਰੀਫੰਡ ਕਰ ਦਿੱਤੀ ਜਾਵੇਗੀ।

<u>ਨੋਟ:-</u>

(ੳ) ਸਾਬਕਾ ਸੈਨਿਕ (ਖੁਦ) ਨੂੰ ਫੀਸ ਰੀਫੰਡ ਤਾਂ ਹੀ ਹੋਵੇਗੀ ਬਸ਼ਰਤੇ ਕਿ ਉਨ੍ਹਾਂ ਨੂੰ ਭਾਰਤ ਸਰਕਾਰ ਵੱਲੋਂ ਨੌਕਰੀ ਦੌਰਾਨ ਜਾਂ ਨਿਸਚਿਤ ਆਮ ਸਰਤਾ ਮੁਕੰਮਲ ਹੋਣ ਤੋਂ ਪਹਿਲਾਂ ਹੀ ਖੁੱਦ ਦੀ ਪ੍ਰਤੀਬੇਨਤੀ ਤੇ ਨੌਕਰੀ ਤੋਂ ਫਾਰਗ/ਡਿਸਚਾਰਜ ਨਾਂ ਕੀਤਾ ਗਿਆ ਹੋਵੇ।ਸਾਬਕਾ ਸੈਨਿਕਾਂ ਦੇ ਆਸਰਿਤਾਂ ਨੂੰ ਲੋੜੀਂਦੀ ਨਿਰਧਾਰਿਤ ਫੀਸ ਦੀ ਅਦਾਇਗੀ ਕਰਨੀ ਹੋਵੇਗੀ ਅਤੇ ਇਸ ਅਸਾਮੀ ਲਈ Lineal Descendant Certificate (LDC) ਅਸਲ ਦਸਤਾਵੇਜਾਂ ਦੀ ਸਕਰੂਟਨੀ ਸਮੇਂ ਜਮ੍ਹਾਂ ਕਰਵਾਉਣਾ ਹੋਵੇਗਾ।

(ਅ) ਪੰਜਾਬ ਦੇ ਵਸਨੀਕ ਵਿਕਲਾਂਗ ਉਮੀਦਵਾਰਾਂ ਵੱਲੋਂ ਉਪਰੋਕਤ ਅਨੁਸਾਰ ਉਹੀ ਫੀਸ ਜਮ੍ਹਾ ਕਰਵਾਈ ਜਾਵੇਗੀ, ਜਿਸ ਵਰਗ/ਸ਼੍ਰੇਣੀ ਨਾਲ ਉਹ ਸਬੰਧ ਰੱਖਦੇ ਹਨ।

(ੲ) ਕਿਸੇ ਵੀ ਉਮੀਦਵਾਰ ਨੂੰ ਫੀਸ ਦੀ ਮੁਆਫੀ/ਛੋਟ ਨਹੀਂ ਦਿੱਤੀ ਜਾਵੇਗੀ।

(ਸ) ਉਮੀਦਵਾਰ ਦਸਤਾਵੇਜਾਂ ਦੀ ਸਕਰੂਟਨੀ ਸਮੇਂ ਫੀਸ ਦੀ ਰਸੀਦ ਪੇਸ਼ ਕਰਨਗੇ।

7. **ਆਮ ਸ਼ਰਤਾਂ:-**

i. ਜਿਹੜੇ ਉਮੀਦਵਾਰ ਅਨੁਸੂਚਿਤ ਜਾਤੀ ਜਾਂ ਪੱਛੜੀ ਸ਼੍ਰੇਣੀ ਦੇ ਰਾਖਵਾਂਕਰਨ ਦਾ ਲਾਭ ਲੈਣਾ ਚਾਹੁੰਦੇ ਹਨ, ਉਨ੍ਹਾਂ ਦੇ ਜਾਤੀ ਸਰਟੀਫਿਕੇਟ ਜੋ ਕਿਸੇ ਸਬੰਧਤ ਸਮੱਰਥ ਅਧਿਕਾਰੀ ਵੱਲੋਂ ਜਾਰੀ ਕੀਤੇ ਗਏ ਹੋਣ, ਵਿੱਚ ਜਾਤੀ ਸਪੱਸ਼ਟ ਤੌਰ ਤੇ ਲਿਖੀ ਹੋਵੇ।ਅਨੁਸੂਚਿਤ ਜਾਤੀ ਅਤੇ ਪੱਛੜੀ ਸ਼੍ਰੇਣੀ ਦੀ ਉਹ ਇਸਤਰੀ ਉਮੀਦਵਾਰ, ਜਿਨ੍ਹਾਂ ਦੇ ਸਰਟੀਫਿਕੇਟ ਵਿਆਹ ਉਪਰੰਤ ਪਤੀ ਦੇ ਨਾਮ ਦੇ ਬਣੇ ਹਨ, ਉਨ੍ਹਾਂ ਇਸਤਰੀ ਉਮੀਦਵਾਰਾਂ ਨੂੰ ਸਕਰੂਟਨੀ ਸਮੇਂ ਉਹ ਸਰਟੀਫਿਕੇਟ, ਜਿਸ ਵਿੱਚ ਪਿਤਾ ਦਾ ਨਾਮ ਦਰਜ ਹੈ ਜਾਂ ਪਿਤਾ ਦਾ ਅਨੁਸੂਚਿਤ ਜਾਤੀ ਜਾਂ ਪੱਛੜੀ ਸ਼੍ਰੇਣੀ ਦਾ ਸਰਟੀਫਿਕੇਟ ਸਬੂਤ ਵਜੋਂ ਪੇਸ਼ ਕਰਨਾ ਹੋਵੇਗਾ।ਜੇਕਰ ਉਹ ਸਰਟੀਫਿਕੇਟ ਪੇਸ਼ ਨਹੀਂ ਕਰਦੀ ਤਾਂ ਉਸਦੀ ਪਾਤਰਤਾ ਅਨੁਸੂਚਿਤ ਜਾਤੀ ਜਾਂ ਪੱਛੜੀ ਸ਼੍ਰੇਣੀ ਜਿਹੋ ਜਿਹਾ ਵੀ ਕੇਸ ਹੋਵੇ, ਵਿੱਚ ਨਹੀਂ ਵਿਚਾਰੀ ਜਾਵੇਗੀ। ਅਨੁਸੂਚਿਤ ਜਾਤੀ ਦਾ ਰਾਖਵਾਂਕਰਨ ਪੰਜਾਬ ਅਨੁਸੂਚਿਤ ਜਾਤੀਆਂ ਅਤੇ ਪੱਛੜੀਆਂ ਸ਼੍ਰੇਣੀਆਂ (ਨੌਕਰੀਆਂ ਵਿਚ ਰਾਖਵਾਂਕਰਨ) ਐਕਟ, 2006 ਅਨੁਸਾਰ ਹੋਵੇਗਾ, ਪ੍ਰੰਤੂ ਉਨ੍ਹਾਂ ਦੀ ਚੋਣ ਇਸ ਸਬੰਧ ਵਿਚ ਮਾਣਯੋਗ ਸੁਪਰੀਮ ਕੋਰਟ ਵਿਖੇ ਪੈਂਡਿੰਗ ਕੇਸ SLP (CIVIL) No. 23507 OF 2010 IN CWP NO 18290 OF 2009, ਪੰਜਾਬ ਸਰਕਾਰ ਅਤੇ ਹੋਰ ਬਨਾਮ ਦਵਿੰਦਰ ਸਿੰਘ ਅਤੇ ਹੋਰ ਦੇ ਅੰਤਿਮ ਫੈਸਲੇ ਦੇ ਨਿਰਭਰ ਹੋਵੇਗੀ।

(ii) ਪੱਛੜੀ ਸ਼੍ਰੇਣੀ ਦਾ ਸਰਟੀਫਿਕੇਟ ਉਦੋਂ ਤੱਕ ਵੈਲਿਡ ਮੰਨਿਆ ਜਾਵੇਗਾ, ਜਦੋਂ ਤੱਕ ਪ੍ਰਾਰਥੀ ਕਰੀਮੀਲੇਅਰ ਦੇ ਦਾਇਰੇ ਵਿਚ ਨਹੀਂ ਆ ਜਾਂਦਾ।ਪੱਛੜੀ ਸ਼੍ਰੇਣੀ ਦਾ ਲਾਭ ਪ੍ਰਾਪਤ ਕਰਨ ਲਈ ਉਮੀਦਵਾਰ ਨੂੰ ਦਸਤਾਵੇਜ਼ਾਂ ਦੀ ਸਕਰੂਟਨੀ ਸਮੇਂ ਆਪਣੀ ਪ੍ਰਤੀਬੇਨਤੀ ਦੇ ਨਾਲ ਇਕ ਘੋਸ਼ਣਾ ਪੱਤਰ ਦੇਣਾ ਪਵੇਗਾ ਕਿ ਉਸ ਦੇ ਸਟੇਟਸ ਵਿੱਚ ਕੋਈ ਤਬਦੀਲੀ ਨਹੀਂ ਆਈ ਅਤੇ ਉਹ ਕਰੀਮੀਲੇਅਰ ਦੇ ਦਾਇਰੇ ਵਿੱਚ ਨਹੀਂ ਆਉਂਦਾ।

(iii) ਸਾਬਕਾ ਸੈਨਿਕ ਕੋਟੇ ਅਧੀਨ ਰਾਖਵਾਂਕਰਨ ਕੇਵਲ ਪੰਜਾਬ ਦੇ ਵਸਨੀਕਾ ਤੇ ਹੀ ਲਾਗੂ ਹੋਵੇਗਾ।ਜੇਕਰ ਸਾਬਕਾ ਸੈਨਿਕ ਖੁਦ ਉਮੀਦਵਾਰ ਨਾ ਹੋਵੇ, ਤਾਂ ਇਹ ਰਾਖਵਾਂਕਰਨ ਆਸ਼ਰਿਤਾਂ ਲਈ ਲਾਗੂ ਹੋਵੇਗਾ। ਅਜਿਹੇ ਸਾਬਕਾ ਸੈਨਿਕ/ਆਸ਼ਰਿਤ ਸੈਨਿਕ ਸਮੱਰਥ ਅਧਿਕਾਰੀ ਵੱਲੋਂ ਜਾਰੀ ਕੀਤਾ ਗਿਆ ਲੋੜੀਂਦਾ ਸਰਟੀਫਿਕੇਟ ਦਸਤਾਵੇਜ਼ਾਂ ਦੀ ਸਕਰੂਟਨੀ ਸਮੇਂ ਪੇਸ਼ ਕਰਨਗੇ।

(iv) ਸਵੰਤਤਰਤਾ ਸੈਨਾਨੀ ਕੋਟੇ ਅਧੀਨ ਰਾਖਵਾਂਕਰਨ ਲੈਣ ਵਾਲੇ ਉਮੀਦਵਾਰ, ਸਰਕਾਰ ਦੇ ਪੱਤਰ ਨੰ. 16/57-97-8ਪੀ-3/ਸਪੇ503 ਮਿਤੀ 27-11-2000 ਅਨੁਸਾਰ ਸਮੱਰਥ ਅਧਿਕਾਰੀ ਵੱਲੋਂ ਜਾਰੀ ਕੀਤੀ ਗਈ ਲੋੜੀਂਦਾ ਅਸਲ ਸਰਟੀਫਿਕੇਟ ਅਸਲ ਦਸਤਾਵੇਜ਼ਾਂ ਦੀ ਸਕਰੂਟਨੀ ਦੇ ਸਮੇਂ ਪੇਸ਼ ਕਰਨਗੇ।

(v) ਖਿਡਾਰੀ ਕੋਟੇ ਅਧੀਨ ਰਾਖਵਾਂਕਰਨ ਲੈਣ ਵਾਲੇ ਉਮੀਦਵਾਰਾਂ ਨੂੰ ਸਕਰੂਟਨੀ ਸਮੇਂ ਸਰਟੀਫਿਕੇਟ ਪੇਸ਼ ਕਰਨਾ ਹੋਵੇਗਾ ਜਿਸਦੀ ਡਾਇਰੈਕਟਰ ਸਪੋਰਟਸ ਪੰਜਾਬ ਵਲੋਂ ਗਰੇਡਏਸ਼ਨ ਕੀਤੀ ਹੋਵੇ। ਸਪੋਰਟਸ ਕੈਟਾਗਰੀ ਵਿਚ ਸਿਰਫ ਸਪੋਰਟਸ ਮੈਰਿਟ ਨੂੰ ਹੀ

ਆਧਾਰ ਮੰਨਿਆ ਜਾਵੇਗਾ ਜੋ ਡਾਇਰੈਕਟਰ ਸਪੋਰਟਸ ਪੰਜਾਬ ਵਲੋਂ ਆਪਣੇ ਨਿਯਮਾਂ ਅਨੁਸਾਰ ਤਿਆਰ ਕੀਤੀ ਜਾਵੇਗੀ।

(vi) ਅਪਾਹਜ ਕੋਟੇ ਅਧੀਨ ਰਾਖਵਾਂਕਰਨ ਪੰਜਾਬ ਸਰਕਾਰ, ਸਮਾਜਿਕ ਸੁਰੱਖਿਆ ਅਤੇ ਇਸਤਰੀ ਅਤੇ ਬਾਲ ਵਿਕਾਸ ਵਿਭਾਗ ਦੇ ਪੱਤਰ ਨੰ. 10/26/95-5 ਐਸਐਸ/1252 ਮਿਤੀ 02.05.1997ਅਤੇ ਪੱਤਰ ਨੰ: 1/1/2017-3DC/1588894/1 ਮਿਤੀ 01-10-2019 ਅਨੁਸਾਰ ਹੋਵੇਗਾ। ਚਾਹਵਾਨ ਉਮੀਦਵਾਰ ਵਿਗਿਆਪਨ ਵਿੱਚ ਅਪਲਾਈ ਕਰਨ ਦੀ ਦਰਸਾਈ ਆਖਰੀ ਮਿਤੀ ਤੋਂ ਪਹਿਲਾਂ ਦਾ ਸਮਰੱਥ ਅਧਿਕਾਰੀ ਦੁਆਰਾ ਜਾਰੀ ਅਪਾਹਜ ਦਾ ਸਰਟੀਫਿਕੇਟ ਦਸਤਾਵੇਜਾ ਦੀ ਸਕਰੂਟਨੀ ਸਮੇਂ ਪੇਸ਼ ਕਰੇਗਾ, ਜਿਸ ਵਿੱਚ ਉਪਰਲੀ ਜਾਂ ਹੇਠਲੀ ਅੰਗਹੀਣਤਾ ਹੱਦ ਦੇ 40% ਜਾਂ 40% ਤੋਂ ਵੱਧ ਸਥਾਈ/ਅੰਸ਼ਿਕ ਦਰਜ ਹੋਵੇ। ਇਸ ਸਰਟੀਫਿਕੇਟ ਵਿਚ ਸਿਵਲ ਰੁਜ਼ਗਾਰ/ਨਿਰਧਾਰਤ ਅਸਾਮੀ ਲਈ ਫਿੱਟ ਹੋਣਾ ਵੀ ਦਰਸਾਇਆ ਜਾਣਾ ਜਰੂਰੀ ਹੈ। ਇਹ ਸਰਟੀਫਿਕੇਟ ਜਿਲੇ ਦੇ ਸਿਵਲ ਸਰਜਨ ਜਾਂ ਉਨ੍ਹਾਂ ਵੱਲੋਂ ਅਧਿਕਾਰਤ ਮੈਡੀਕਲ ਅਫਸਰ ਵੱਲੋਂ ਜਾਰੀ ਕੀਤਾ ਹੋਵੇ।

(vii) ਇਹ ਅਸਾਮੀਆਂ The Punjab Civil Services (Reservation of Posts for Women Rule, 2020 ਜੋ ਕਿ ਮਿਤੀ 21-10-20 ਅਤੇ ਮਿਤੀ 29-12-2020 ਨੂੰ ਅਧਿਸੂਚਿਤ ਕੀਤੇ ਗਏ ਹਨ, ਅਨੁਸਾਰ ਭਰੀਆਂ ਜਾਣੀਆਂ ਹਨ।

(viii) ਵਿਮੁਕਤ ਜਾਤੀ ਦੀਆਂ ਅਸਾਮੀਆਂ ਪੰਜਾਬ ਸਰਕਾਰ ਸਮਾਜਿਕ ਨਿਆ, ਅਧਿਕਾਰਤਾ ਅਤੇ ਘੱਟ ਗਿਣਤੀ ਪੰਜਾਬ ਦੇ ਪੱਤਰ ਨੰ:1/24/2020/RC1/321 ਮਿਤੀ15-09-2022 ਅਨੁਸਾਰ ਭਰੀਆ ਜਾਣਗੀਆਂ।

(ix) ਰਾਖਵਾਂਕਰਨ ਦੀ ਨੀਤੀ ਪੰਜਾਬ ਸਰਕਾਰ ਦੀਆਂ ਸਮੇਂ-ਸਮੇਂ ਜਾਰੀ ਕੀਤੀਆਂ ਹਦਾਇਤਾਂ ਅਨੁਸਾਰ ਲਾਗੂ ਹੋਵੇਗੀ।

(x) ਰਾਖਵਾਂਕਰਨ ਦਾ ਲਾਭ ਕੇਵਲ ਪੰਜਾਬ ਦੇ ਪੱਕੇ ਵਾਸੀਆਂ ਨੂੰ ਹੀ ਪ੍ਰਾਪਤ ਹੋਵੇਗਾ।

(xi) ਉਮੀਦਵਾਰ ਵਲੋਂ ਭਰੀ ਗਈ ਕੈਟਾਗਰੀ ਹੀ ਅੰਤਿਮ ਮੰਨੀ ਜਾਵੇਗੀ ਅਤੇ ਉਸ ਕੈਟਾਗਰੀ ਵਿੱਚ ਵਿਚਾਰਿਆ ਜਾਵੇਗਾ। ਜਿਸ ਵਿੱਚ ਉਮੀਦਵਾਰ ਦੀ ਫੀਸ ਭਰੀ ਗਈ/ਕਨਫਰਮ ਹੋਵੇਗੀ। ਕੈਟਾਗਰੀ ਸਬੰਧੀ ਕਿਸੇ ਵੀ ਪੱਧਰ ਤੇ ਕੋਈ ਵੀ ਤਬਦੀਲੀ ਨਹੀਂ ਕੀਤੀ ਜਾਵੇਗੀ।

(xii) ਜਿਹੜੇ ਉਮੀਦਵਾਰ ਵਿਮੁੱਕਤ ਜਾਤੀ ਨਾਲ ਸਬੰਧਤ ਹੋਣਗੇ ਉਹ ਆਨਲਾਈਨ ਅਪਲਾਈ ਕਰਨ ਸਮੇਂ ਆਪਣੀ ਹੀ ਕੈਟਾਗਰੀ ਵਿੱਚ ਅਪਲਾਈ ਕਰਨਗੇ। ਜੇਕਰ ਡਾਇਰੈਕਟੋਰੇਟ ਦੇ ਸਾਫਟਵੇਅਰ ਵਿੱਚ ਵਿਮੁੱਕਤ ਜਾਤੀ ਸਬੰਧੀ ਆਪਸ਼ਨ ਨਹੀਂ ਆਉਂਦੀ ਤਾ ਅਜਿਹੇ ਉਮੀਦਵਾਰ ਆਪਣੀ ਮੇਨ ਕੈਟਾਗਰੀ ਐਸ.ਸੀ. (ਆਰ.ਐਂਡ.ਓ) ਵਿੱਚ ਅਪਲਾਈ ਕਰਨਗੇ।

(xiii) ਆਰਥਿਕ ਤੋਰ ਤੇ ਪਿਛੜੇ ਵਰਗ ਲਈ ਰਾਖਵਾਂਕਰਨ ਭਲਾਈ ਵਿਭਾਗ ਪੰਜਾਬ ਦੀਆਂ ਹਦਾਇਤਾਂ ਅਨੁਸਾਰ ਲਾਗੂ ਕੀਤਾ ਜਾਵੇਗਾ। (ਹਵਾਲਾ ਭਲਾਈ ਵਿਭਾਗ ਦੇ ਪੱਤਰ ਨੰ: 1/3/2019 RC1/706, ਮਿਤੀ, ਚੰਡੀਗੜ 30-10-2020 ਅਤੇ ਪੱਤਰ ਨੰ:1/3/2019 RC1/196, ਮਿਤੀ 18-03-2021.

(xiv) ਉਮੀਦਵਾਰ ਘੱਟ ਤੋਂ ਘੱਟ ਦਸਵੀਂ ਪੱਧਰ ਦੀ ਪੰਜਾਬੀ ਪਾਸ ਹੋਵੇ।

(xv) ਪੁਰਸ ਅਤੇ ਇਸਤਰੀਆਂ ਦੀ ਸਾਂਝੀ ਮੈਰਿਟ ਬਣਾਈ ਜਾਵੇਗੀ।

(xvi) ਵਿਗਿਆਪਨ ਵਿੱਚ ਦਰਜ ਅਸਾਮੀਆਂ ਸਰਕਾਰ ਵਲੋਂ ਵਧਾਈਆਂ ਜਾ ਘਟਾਈਆ ਜਾ ਸਕਦੀਆਂ ਹਨ।

(xvii) ਆਨਲਾਈਨ ਫਾਰਮ ਭਰਨ ਸਮੇਂ ਕਿਸੇ ਵੀ ਗਲਤੀ ਲਈ ਉਮੀਦਵਾਰ ਆਪ ਜਿੰਮੇਵਾਰ ਹੋਵੇਗਾ। ਸਿੱਖਿਆ ਭਰਤੀ ਡਾਇਰੈਕਟੋਰੇਟ, ਪੰਜਾਬ ਦੀ ਇਸ ਸਬੰਧੀ ਕੋਈ ਜਿੰਮੇਵਾਰੀ ਨਹੀਂ ਹੋਵੇਗੀ।

(xviii) ਆਨਲਾਈਨ ਅਪਲਾਈ ਕਰਨ ਸਮੇਂ ਉਮੀਦਵਾਰਾਂ ਨੂੰ ਸਾਈਬਰ ਕੈਫੇ ਅਟੈਂਡੇਟ ਦੀ ਮੱਦਦ ਲੈਣ ਸਮੇਂ ਆਪਣਾ ਫਾਰਮ ਆਪ ਭਰਨ ਦੀ ਸਲਾਹ ਦਿੱਤੀ ਜਾਂਦੀ ਹੈ। ਐਪਲੀਕੇਸਨ ਫਾਰਮ ਵਿੱਚ ਇੱਕ ਵਾਰ ਡਾਟਾ ਭਰਨ ਤੋਂ ਬਾਅਦ Approve ਕਰਨ ਤੋਂ ਬਾਅਦ ਉਸ ਵਿੱਚ ਕੋਈ ਤਬਦੀਲੀ ਕਰਨ ਦੀ ਆਗਿਆ ਨਹੀਂ ਦਿੱਤੀ ਜਾਵੇਗੀ ਅਤੇ ਨਾਂ ਹੀ ਕੋਈ ਹੋਰ ਮੌਕਾ ਦਿੱਤਾ ਜਾਵੇਗਾ। ਇਸ ਸਬੰਧੀ ਕਿਸੇ ਵੀ ਪ੍ਰਕਾਰ ਦੀ ਪ੍ਰਤੀਬੇਨਤੀ ਦਫਤਰ ਵੱਲੋਂ ਸਵੀਕਾਰ ਨਹੀਂ ਕੀਤੀ ਜਾਵੇਗੀ।

(xix) ਉਮੀਦਵਾਰ ਵੱਲੋਂ ਅਸਾਮੀ ਲਈ ਕੇਵਲ ਅਪਲਾਈ ਕਰਨ ਜਾਂ ਉਸ ਨੂੰ ਦਸਤਾਵੇਜਾਂ ਲਈ ਸਕਰੂਟਨੀ ਤੇ ਬੁਲਾਏ ਜਾਣ ਨਾਲ ਹੀ ਕੋਈ ਨਿਯੁਕਤੀ ਦਾ ਅਧਿਕਾਰ ਨਹੀਂ ਹੋਵੇਗਾ।

(xx) ਇਸ ਭਰਤੀ ਸਬੰਧੀ ਸਿੱਖਿਆ ਭਰਤੀ ਡਾਇਰੈਕਟੋਰੇਟ, ਪੰਜਾਬ ਵੱਲੋਂ ਲਿਆ ਗਿਆ ਫੈਸਲਾ ਅੰਤਿਮ ਅਤੇ ਸਭ ਤੇ ਲਾਗੂ ਹੋਵੇਗਾ।

(xxi) ਉਮੀਦਵਾਰ ਵੱਲੋਂ ਆਪਣਾ ਮੋਬਾਇਲ ਨੰਬਰ, ਈ-ਮੇਲਪਤਾ, ਆਪਣਾ ਬੈਂਕ ਖਾਤਾ ਨੰਬਰ, ਬੈਂਕ ਦਾ IFSC, ਬ੍ਰਾਂਚ ਦਾ ਨਾਮ ਆਦਿ ਆਨ-ਲਾਈਨ ਅਪਲਾਈ ਕਰਨ ਸਮੇਂ ਫਾਰਮ ਵਿੱਚ ਭਰਿਆ ਜਾਵੇ।

(xxii) ਪੰਜਾਬ ਦੇ ਵਸਨੀਕ ਵਿਕਲਾਂਗ ਉਮੀਦਵਾਰਾਂ ਵੱਲੋਂ ਉਪਰੋਕਤ ਅਨੁਸਾਰ ਉਹੀ ਫੀਸ ਜਮ੍ਹਾਂ ਕਰਵਾਈ ਜਾਵੇਗੀ, ਜਿਸ ਵਰਗ/ਸ੍ਰੇਣੀ ਨਾਲ ਸਬੰਧ ਰੱਖਦੇ ਹਨ। ਦਸਤਾਵੇਜਾਂ ਦੀ ਸਕਰੂਟਨੀ ਸਮੇਂ ਕੈਟਾਗਰੀ ਨਾਲ ਸਬੰਧਤ ਸਰਟੀਫਿਕੇਟ ਪੇਸ਼ ਕਰਨਾ ਲਾਜਮੀ ਹੋਵੇਗਾ।

(xxiii) ਉਮੀਦਵਾਰ ਨੂੰ ਇਹ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਭਰਤੀ ਸਬੰਧੀ ਸ਼ਰਤਾ/ਬਾਨਾਂ ਚੰਗੀ ਤਰ੍ਹਾਂ ਨਾਲ ਪੜ੍ਹਨ ਉਪਰੰਤ ਆਪ ਖੁੱਦ ਅਪਲਾਈ ਕਰੇ ਅਤੇ ਉਨ੍ਹਾਂ ਨੂੰ ਇਹ ਵੀ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਇਸ ਭਰਤੀ ਸਬੰਧੀ Latest Updates ਦੀ ਜਾਣਕਾਰੀ ਲਈ ਵਿਭਾਗ ਦੀ ਵੈਬਸਾਈਟ<u>www.educationrecruitmentboard.com</u> ਤੇ ਸਮੇਂ-2 ਚੈੱਕ ਕਰਦੇ ਰਹਿਣ। ਉਮੀਦਵਾਰਾਂ ਨੂੰ ਕਿਸੇ ਕਿਸਮ ਦੀ ਜਾਣਕਾਰੀ ਵਿਭਾਗ ਦੀ ਵੈਸਬਾਈਟ ਤੇ ਉਪਲੱਬਧ ਕਰਵਾਈ ਜਾਇਆ ਕਰੇਗੀ। ਕਿਸੇ ਵੀ ਕਿਸਮ ਦੀ ਕੋਈ ਜਾਣਕਾਰੀ "ਪਬਲਿਕ ਨੋਟਿਸ"/ਹੋਰ ਜਾਣਕਾਰੀ ਅਖਬਾਰਾਂ ਵਿੱਚ ਪ੍ਰਕਾਸਿਤ ਨਹੀਂ ਕਰਵਾਈ ਜਾਵੇਗੀ।

(xxiv) ਸਰਕਾਰ ਵਲੋਂ ਜਾਰੀ ਨੋਟੀਫਿਕੇਸ਼ਨ ਨੰ. 11/9402-P P2/650 ਮਿਤੀ 12.01.2004 ਅਨੁਸਾਰ ਸਬੰਧਤ ਉਮੀਦਵਾਰ ਤੇ ਨਿਊ ਕੰਟਰੀਬਿਊਟਰੀ ਪੈਨਸ਼ਨ ਸਕੀਮ ਲਾਗੂ ਹੋਵੇਗੀ।

(xxv) ਕੇਵਲ ਉਹ ਹੀ ਸਰਕਾਰੀ ਕਰਮਚਾਰੀ ਨਿਯੁਕਤੀ ਲਈ ਯੋਗ ਹੋਣਗੇ, ਜਿਹਨਾਂ ਸਬੰਧੀ ਵਿਭਾਗ ਦੇ ਮੁਖੀ ਦੁਆਰਾ ਇਹ ਤਸਦੀਕ ਕੀਤਾ ਜਾਵੇਗਾ ਕਿ ਉਹਨਾਂ ਵਿਰੁੱਧ ਕੋਈ ਅਨੁਸ਼ਾਸਨੀ ਕਾਰਵਾਈ ਵਿਚਾਰ ਅਧੀਨ ਨਹੀ ਹੈ ਜਾਂ ਉਹ ਪੰਜਾਬ ਸਰਕਾਰ ਸਿਵਲ ਸਰਵਿਸ਼ਿਜ ਸਜਾ ਅਤੇ ਅਪੀਲ ਰੂਲਜ 1970 ਅਧੀਨ ਜਾਂ ਕੋਈ ਵੀ ਹੋਰ ਲਾਗੂ ਰੂਲਜ ਜਿਵੇਂ ਵੀ ਮਾਮਲਾ ਹੋਵੇ, ਸਜਾ ਨਹੀ ਕੱਟ ਰਹੇ ਜਾਂ ਕਿਸੇ ਵੀ ਟਰਾਇਲ ਮੁਕੱਦਮੇ ਅਧੀਨ ਨਹੀਂ ਹਨ ਜਾਂ ਉਹਨਾਂ ਦੀ ਇੰਟੇਗਰਿਟੀ ਅਤੇ ਪ੍ਰੋਫੇਸ਼ਨਲ ਦੁਰਵਿਵਹਾਰ ਦੇ ਮੱਦੇਨਜ਼ਰ ਕੋਈ ਵੀ ਹੋਰ ਠੋਸ ਅਯੋਗਤਾ ਨਹੀਂ ਹੈ।

(xxvi) EWS ਰਿਜਰਵੇਸ਼ਨ ਸਬੰਧੀ ਸਰਕਾਰ ਦੀ ਨੋਟੀਫਿਕੇਸ਼ਨ ਨੰ: 8/2/2019 -3 ਪੀ. ਪੀ/1548834/1 ਮਿਤੀ 15/08/2019 ਅਨੁਸਾਰ ਤਾਜਾ ਸਰਟੀਫਿਕੇਟ ਜਾਰੀ ਕੀਤਾ ਹੋਵੇ।

<u>ਜਰੂਰੀ ਨੋਟ:-</u>

(ੳ) ਉਮੀਦਵਾਰ ਦੀ ਵਿਦਿਅਕ/ਪ੍ਰੋਫੈਸਨਲ ਯੋਗਤਾਵਾਂ ਅਪਲਾਈ ਕਰਨ ਦੀ ਆਖਰੀ ਮਿਤੀ ਦੇ ਜਾਂ ਪਹਿਲਾਂ ਦੇ ਬਣੇ ਹੋਣ। ਰਿਜ਼ਰਵੇਸਨ ਦਾ ਲਾਭ ਲੈਣ ਲਈ ਵੱਖ-ਵੱਖ ਕੈਟਾਗਰੀਆਂ ਦੇ ਸਰਟੀਫਿਕੇਟ ਜਿਵੇਂ ਐਸ.ਸੀ./ਐਸ.ਟੀ., ਅੰਗਹੀਣ ਅਤੇ ਹੋਰ ਲੋੜੀਂਦੇ ਸਰਟੀਫਿਕੇਟ ਆਦਿ ਸਕਰੂਟਨੀ ਸਮੇਂ ਹੀ ਜਮ੍ਹਾਂ/ਚੈੱਕ ਕਰਵਾਉਣ ਉਪਰੰਤ ਮੰਨਣਯੋਗ ਹੋਣਗੇ। ਉਸਤੋਂ ਬਾਅਦ ਕਿਸੇ ਵੀ ਉਮੀਦਵਾਰ ਦੀ ਪ੍ਰਤੀਬੇਨਤੀ ਪ੍ਰਵਾਨ ਨਹੀਂ ਕੀਤੀ ਜਾਵੇਗੀ। ਉਮੀਦਵਾਰਾਂ ਨੂੰ ਸਕਰੂਟਨੀ ਦੌਰਾਨ ਲੋੜੀਦੇ ਸਰਟੀਫਿਕੇਟ/ਦਸਤਾਵੇਜ ਅਗਾਊਂ ਬਣਾ ਕੇ ਰੱਖਣ ਦੀ ਸਲਾਹ ਦਿੱਤੀ ਜਾਂਦੀ ਹੈ ਤਾਂ ਜੋ ਸਕਰੂਟਨੀ ਦੌਰਾਨ ਅਜਿਹੇ ਸਰਟੀਫਿਕੇਟ/ਦਸਤਾਵੇਜ ਚੈੱਕ ਕਰਵਾ ਸਕਣ। ਸਕਰੂਟਨੀ ਪ੍ਰਕਿਰਿਆ ਤੋਂ ਬਾਅਦ ਸਰਟੀਫਿਕੇਟ ਬਣਾਉਣ ਲਈ ਕੋਈ ਵਾਧੂ ਸਮਾਂ/ਮੋਕਾ ਨਹੀਂ ਦਿੱਤਾ ਜਾਵੇਗਾ।

8. <u>ਆਨਲਾਈਨ ਅਪਲਾਈ ਕਰਨ ਦੀ ਵਿੱਧੀ:-</u>
Online Process will start from ..14.04.2022

(ੳ) ਵੈਬਸਾਈਟ<u>www.educationrecruitmentboard.com</u>

(ਅ) ਉਮੀਦਵਾਰ ਵੱਲੋਂ ਕੇਵਲ ਇੱਕ ਹੀ ਰਜਿਸ਼ਟ੍ਰੇਸ਼ਨ ਕੀਤੀ ਜਾਵੇ। ਜੇਕਰ ਕੋਈ ਉਮੀਦਵਾਰ ਇੱਕ ਤੋਂ ਵੱਧ ਕੈਟਾਗਰੀ ਵਿੱਚ ਅਪਲਾਈ ਕਰਨਾ ਚਾਹੁੰਦਾ ਹੈ ਤਾਂ ਉਹ ਇੱਕ ਹੀ ਰਜਿਸ਼ਟ੍ਰੇਸ਼ਨ ਅਧੀਨ ਹੀ ਵੱਖ-ਵੱਖ ਐਪਲੀਕੇਸ਼ਨ ਅਪਲਾਈ ਕਰੇਗਾ। ਇੱਕ ਤੋਂ ਜਿਆਦਾ ਰਜਿਸ਼ਟ੍ਰੇਸ਼ਨ ਨੰਬਰ ਹੋਣ ਦੀ ਸੂਰਤ ਵਿੱਚ ਪਹਿਲੀ ਰਜਿਸ਼ਟ੍ਰੇਸ਼ਨ (ਜੇ ਕੋਈ ਹੋਣ) ਆਪਣੇ ਆਪ ਕੈਂਸਲ ਹੋਈਆਂ ਵਿਚਾਰੀਆਂ ਜਾਣਗੀਆਂ।

(ੲ) ਉਮੀਦਵਾਰ ਵੱਲੋਂ ਪਹਿਲਾਂ ਉਪਰੋਕਤ ਦਰਸਾਈ ਵੈਬਸਾਈਟ ਉੱਤੇ ਰਜਿਸਟ੍ਰੇਸ਼ਨ ਕਰਵਾਈ ਜਾਵੇਗੀ। ਰਜਿਸਟ੍ਰੇਸ਼ਨ ਕਰਵਾਉਣ ਲਈ ਇਸ ਵੈਬਸਾਈਟ ਉੱਤੇ ਦਿੱਤੇ ਲਿੰਕ New Registration ਤੇ Click ਕੀਤਾ ਜਾਵੇ ਅਤੇ ਮੰਗੀ ਗਈ ਜਾਣਕਾਰੀ ਭਰੀ ਜਾਵੇ। ਇੱਕ ਵਾਰ

ਰਜਿਸਟ੍ਰੇਸਨ ਕਰਨ ਉਪਰੰਤ ਰਜਿਸਟ੍ਰੇਸਨ ਵਾਲੀ ਕੋਈ ਵੀ ਜਾਣਕਾਰੀ ਦੁਬਾਰਾ Update/Edit ਨਹੀਂ ਕੀਤੀ ਜਾਵੇਗੀ।

(ਜ) ਰਜਿਸਟ੍ਰੇਸ਼ਨ ਉਪਰੰਤ ਉਮੀਦਵਾਰ ਵੱਲੋਂ ਆਪਣੇ ਰਜਿਸਟ੍ਰੇਸ਼ਨ ਨੰਬਰ ਅਤੇ ਪਾਸਵਰਡ ਦੀ ਮੱਦਦ ਨਾਲ ਆਪਣੇ ਅਕਾਊਂਟ Login ਵਿੱਚ ਕੀਤਾ ਜਾਵੇਗਾ। ਉਮੀਦਵਾਰ ਵੱਲੋਂ Application Fee ਨਾਮ ਦੇ ਲਿੰਕ ਉੱਤੇ Click ਕਰਕੇ ਫੀਸ ਆਨਲਾਈਨ ਭਰੀ ਜਾ ਸਕਦੀ ਹੈ।

(ਹ) ਫੀਸਦੀ Confirmation ਹੋਣ ਉਪਰੰਤ ਆਪਣੇ Application Form ਦਾ Print Out ਜਰੂਰ ਲਿਆ ਜਾਵੇ ਅਤੇ ਇਸ ਨੂੰ ਸੰਭਾਲ ਕੇ ਰੱਖਿਆ ਜਾਵੇ। ਇੱਥੇ ਇਹ ਵੀ ਸਪਸ਼ਟ ਕੀਤਾ ਜਾਂਦਾ ਹੈ ਕਿ Application Form ਜਾਂ ਕੋਈ ਹੋਰ ਦਸਤਾਵੇਜ਼ ਡਾਕ ਰਾਹੀਂ ਇਸ ਦਫਤਰ ਨੂੰ ਭੇਜਣ ਦੀ ਜਰੂਰਤ ਨਹੀਂ ਹੈ। ਕੋਈ ਵੀ ਦਸਤਾਵੇਜ਼, ਮੰਗੇ ਜਾਣ ਉਪਰੰਤ ਹੀ ਭੇਜਿਆ ਜਾਵੇ।

(ਕ) ਉਮੀਦਵਾਰ ਇੱਕ ਸਵੈ ਤਸਦੀਕੀ ਫੋਟੋ ਅਤੇ ਸਕੈਨ ਕੀਤੇ ਹਸਤਾਖਰ/ਦਸਤਖਤ ਆਨਲਾਈਨ ਅਪਲਾਈ ਕਰਨ ਸਮੇਂ ਅਪਲੋਡ ਕਰੇਗਾ।

(ਖ) ਉਮੀਦਵਾਰ ਆਪਣੀ ਬਣਦੀ ਯੋਗਤਾ ਅਨੁਸਾਰ ਇੱਕ ਤੋਂ ਜਿਆਦਾ ਕੈਟਾਗਰੀਆਂ ਵਿੱਚ ਅਪਲਾਈ ਕਰ ਸਕਦਾ ਹੈ। ਪਰ ਉਸ ਨੂੰ ਹਰੇਕ ਸਬੰਧਤ ਕੈਟਾਗਰੀ ਦੀ ਬਣਦੀ ਫੀਸ ਜਮਾਂ ਕਰਵਾਉਣੀ ਜਰੂਰੀ ਹੋਵੇਗੀ।

<u>ਜਰੂਰੀ ਤਰੀਕਾਂ:-</u>

ਉਮੀਦਵਾਰ ਆਨਲਾਈਨ ਫੀਸ ਭਰਨ ਦੀ ਆਖਰੀ ਮਿਤੀ 10-11-2022 (ਸਾਮ 5.00 ਵਜੇ ਤੱਕ) ਹੋਵੇਗੀ।

ਸਹਾਇਕ ਡਾਇਰੈਕਟਰ,
ਸਿੱਖਿਆ ਭਰਤੀ ਡਾਇਰੈਕਟੋਰੇਟ, ਪੰਜਾਬ।